**15ਵੀਂ ਵਿਧਾਨ ਸਭਾ**
**ਅੱਠਵਾਂ ਸਮਾਗਮ**

**ਪੰਜਾਬ ਵਿਧਾਨ ਸਭਾ**
**ਬੁਲੇਟਿਨ ਨੰ: 3**
**ਮੰਗਲਵਾਰ,** 06 ਅਗਸਤ, 2019
(10.00 **ਵਜੇ ਸਵੇਰ ਤੋਂ** 12.26 **ਵਜੇ ਬਾਅਦ ਦੁਪਹਿਰ ਤੱਕ**)

1. **ਪ੍ਰਸ਼ਨ**

(ੳ) ਨਿਸ਼ਾਨ ਵਾਲੇ ਪ੍ਰਸ਼ਨ:

| ਕ੍ਰਮ ਪੱਤਰ ਤੇ ਕੁੱਲ ਪ੍ਰਸ਼ਨ | ਉੱਤਰ ਦਿੱਤੇ ਗਏ | ਪੁੱਛੇ ਨਾ ਗਏ | ਮੁਲਤਵੀ ਕੀਤੇ ਗਏ | ਨਿਯਮ 38 ਅਧੀਨ ਉੱਤਰ ਦਿੱਤੇ ਗਏ | ਅਨੁਪੂਰਕਾਂ ਦੀ ਗਿਣਤੀ |
|---|---|---|---|---|---|
| 20 | 14 | 06 | - | - | 29 |

(ਅ) ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ: 04

2. **ਮੁੱਖ ਮੰਤਰੀ ਵਲੋਂ ਬਿਆਨ**

ਜ਼ੀਰੋ ਆਵਰ ਦੌਰਾਨ ਸ਼੍ਰੀ ਅਮਨ ਅਰੋੜਾ, ਐਮ.ਐਲ.ਏ, ਆਮ ਆਦਮੀ ਪਾਰਟੀ ਵਲੋਂ ਬੇਅਦਬੀ ਮਾਮਲੇ ਵਿੱਚ ਸੀ.ਬੀ.ਆਈ ਦੀ ਕਲੋਜ਼ਰ ਰਿਪੋਰਟ ਦਾ ਮੁੱਦਾ ਉਠਾਏ ਜਾਣ ਤੇ ਮੁੱਖ ਮੰਤਰੀ ਵਲੋਂ ਸਦਨ ਵਿੱਚ ਬਿਆਨ ਦਿੱਤਾ ਗਿਆ।

3. **ਵਾਕ ਆਊਟ**

**ਸ਼੍ਰੀ ਪਵਨ ਕੁਮਾਰ ਟੀਨੂੰ, ਮੈਂਬਰ,** ਸ਼੍ਰੋਮਣੀ ਅਕਾਲੀ ਦਲ ਨੂੰ ਛੱਡ ਕੇ ਸ਼੍ਰੋਮਣੀ ਅਕਾਲੀ ਦਲ ਅਤੇ ਬੀ.ਜੇ.ਪੀ ਦੇ ਸਦਨ ਵਿੱਚ ਹਾਜ਼ਰ ਮੈਂਬਰ ਜ਼ੀਰੋ ਆਵਰ ਦੌਰਾਨ ਸਮਾਂ ਨਾ ਦੇਣ ਦੇ ਮੁੱਦੇ ਤੇ ਨਾਅਰੇ ਮਾਰਦੇ ਹੋਏ ਸਦਨ ਵਿਚੋਂ ਵਾਕ ਆਊਟ ਕਰ ਗਏ।

4. **ਧਿਆਨ ਦਿਵਾਊ ਨੋਟਿਸ**

1. **ਸ਼੍ਰੀ ਪਵਨ ਕੁਮਾਰ ਟੀਨੂੰ, ਐਮ.ਐਲ.ਏ. ਵਲੋਂ** ਸਟੇਟ ਸਪੋਰਟਸ ਕਾਲਜ, ਜਲੰਧਰ ਵਿਖੇ ਖਿਡਾਰੀਆਂ ਦੀ ਚੋਣ ਕਰਨ ਲਈ ਟਰਾਇਲ ਨਾ ਲੈਣ ਵੱਲ ਸਰਕਾਰ ਦਾ ਧਿਆਨ ਦਿਵਾਇਆ ਗਿਆ।

(ਨੰ: 12)

ਖੇਡਾਂ ਅਤੇ ਯੁਵਕ ਮਾਮਲੇ ਮੰਤਰੀ ਨੇ ਜਵਾਬ ਦਿੱਤਾ।

2. **ਸਰਦਾਰ ਸੁਖਵਿੰਦਰ ਸਿੰਘ ਡੈਨੀ ਬੰਡਾਲਾ, ਐਮ.ਐਲ.ਏ ਵਲੋਂ** ਜੰਡਿਆਲਾ ਵਿਖੇ ਸੀਨੀਅਰ ਸੈਕੰਡਰੀ ਸਕੂਲ (ਲੜਕੇ)(ਜੰਡਿਆਲਾ ਗੁਰੂ) ਦੀ ਇਮਾਰਤ ਦੀ ਖਸਤਾ ਹਾਲਤ ਵੱਲ ਸਰਕਾਰ ਦਾ ਧਿਆਨ ਦਿਵਾਇਆ ਗਿਆ।

(ਨੰ: 13)

ਸਿੱਖਿਆ ਮੰਤਰੀ ਨੇ ਜਵਾਬ ਦਿੱਤਾ।

3. **ਸ਼੍ਰੀਮਤੀ ਸਰਵਜੀਤ ਕੌਰ ਮਾਣੂੰਕੇ, ਐਮ.ਐਲ.ਏ.** ਅਤੇ **ਸ਼੍ਰੀ ਅਮਨ ਅਰੋੜਾ,ਐਮ.ਐਲ.ਏ.** ਵਲੋਂ ਪੰਜਾਬ ਦੀਆਂ ਜੇਲ੍ਹਾਂ ਵਿੱਚ ਪੈਦਾ ਹੋਏ ਬਦਅਮਨੀ ਵਾਲੇ ਹਾਲਾਤ ਵੱਲ ਸਰਕਾਰ ਦਾ ਧਿਆਨ ਦਿਵਾਇਆ ਗਿਆ।

(ਨੰ: 14)

ਜੇਲ੍ਹਾਂ ਮੰਤਰੀ ਨੇ ਜਵਾਬ ਦਿੱਤਾ।

5. **ਨਿਯਮ 16 ਅਧੀਨ ਪ੍ਰਸਤਾਵ**

ਸੰਸਦੀ ਮਾਮਲੇ ਮੰਤਰੀ ਦੁਆਰਾ ਪੇਸ਼ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ :

"ਕਿ ਵਿਧਾਨ ਸਭਾ ਅੱਜ ਇਸ ਦੇ ਉੱਠ ਜਾਣ ਤੇ ਅਣਮਿੱਥੇ ਸਮੇਂ ਲਈ ਸਥੱਗਿਤ ਹੋ ਜਾਵੇਗੀ।"

6. **ਮੇਜ਼ ਤੇ ਰੱਖੇ ਜਾਣ ਵਾਲੇ ਕਾਗਜ਼-ਪੱਤਰ**

ਸੰਸਦੀ ਮਾਮਲੇ ਮੰਤਰੀ ਨੇ ਅੱਜ ਦੀ ਕਾਰਜ-ਸੂਚੀ ਦੇ ਲੜੀ ਨੰ: IV ਅਧੀਨ ਦਰਸਾਏ ਗਏ ਲੜੀ ਨੰ: 1 ਤੋਂ 8 ਤੱਕ ਵਰਣਿਤ ਕਾਗਜ਼-ਪੱਤਰ ਸਦਨ ਦੀ ਮੇਜ਼ ਤੇ ਰੱਖੇ।

7. **ਵਾਕ ਆਊਟ**

ਆਮ ਆਦਮੀ ਪਾਰਟੀ ਦੇ ਸਦਨ ਵਿੱਚ ਹਾਜ਼ਰ ਮੈਂਬਰ ਨਸ਼ਿਆਂ ਦੇ ਮੁੱਦੇ ਤੇ ਦਿੱਤੇ ਕੰਮ ਰੋਕੂ ਪ੍ਰਸਤਾਵ ਨੂੰ ਅਸਵੀਕਾਰ ਕੀਤੇ ਜਾਣ ਤੇ ਵੈਲ ਆਫ਼ ਦਿ ਹਾਊਸ ਵਿੱਚ ਆ ਕੇ ਨਾਅਰੇ ਮਾਰਦੇ ਹੋਏ ਸਦਨ ਵਿਚੋਂ ਵਾਕ-ਆਊਟ ਕਰ ਗਏ।

8. **ਵਿਧਾਨਕ ਕੰਮ-ਕਾਰ**

1. **ਪੰਜਾਬ ਸ਼ਹਿਰੀ ਟਰਾਂਸਪੋਰਟ ਫੰਡ ਬਿਲ, 2019**

ਸਥਾਨਕ ਸਰਕਾਰ ਮੰਤਰੀ ਨੇ ਪੰਜਾਬ ਸ਼ਹਿਰੀ ਟਰਾਂਸਪੋਰਟ ਫੰਡ ਬਿਲ, 2019 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2 ਤੇ 3), ਕਲਾਜ਼ਾਂ 2 ਤੋਂ 14 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਸ਼ਡਿਊਲ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਸਥਾਨਕ ਸਰਕਾਰ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਪੰਜਾਬ ਸ਼ਹਿਰੀ ਟਰਾਂਸਪੋਰਟ ਫੰਡ ਬਿਲ, 2019 ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

2. **ਪੰਜਾਬ ਟਰਾਂਸਪੇਰੈਂਸੀ ਇਨ ਪਬਲਿਕ ਪ੍ਰਕਿਓਰਮੈਂਟ ਬਿਲ, 2019**

ਵਿੱਤ ਮੰਤਰੀ ਨੇ ਪੰਜਾਬ ਟਰਾਂਸਪੇਰੈਂਸੀ ਇਨ ਪਬਲਿਕ ਪ੍ਰਕਿਓਰਮੈਂਟ ਬਿਲ, 2019 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2 ਤੇ 3), ਕਲਾਜ਼ਾਂ 2 ਤੋਂ 64 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਵਿੱਤ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਪੰਜਾਬ ਟਰਾਂਸਪੇਰੈਂਸੀ ਇਨ ਪਬਲਿਕ ਪ੍ਰਕਿਓਰਮੈਂਟ ਬਿਲ, 2019 ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

3. **ਪੂਰਬੀ ਪੰਜਾਬ ਮੰਤਰੀਆਂ ਦੀਆਂ ਤਨਖਾਹਾਂ (ਸੋਧਨਾ) ਬਿਲ, 2019**

ਵਿੱਤ ਮੰਤਰੀ ਨੇ ਪੂਰਬੀ ਪੰਜਾਬ ਮੰਤਰੀਆਂ ਦੀਆਂ ਤਨਖਾਹਾਂ (ਸੋਧਨਾ) ਬਿਲ, 2019 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰਾਂ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸਰਦਾਰ ਹਰਿੰਦਰਪਾਲ ਸਿੰਘ ਚੰਦੂਮਾਜਰਾ, ਸ਼੍ਰੋਮਣੀ ਅਕਾਲੀ ਦਲ | 01 ਮਿੰਟ |
| 2. | ਸਰਦਾਰ ਚਰਨਜੀਤ ਸਿੰਘ ਚੰਨੀ, ਤਕਨੀਕੀ ਸਿੱਖਿਆ ਮੰਤਰੀ | 02 ਮਿੰਟ |
| 3. | ਸਰਦਾਰ ਕੁਲਜੀਤ ਸਿੰਘ ਨਾਗਰਾ, ਇੰਡੀਅਨ ਨੈਸ਼ਨਲ ਕਾਂਗਰਸ | 01 ਮਿੰਟ |
| 4. | ਸਰਦਾਰ ਬਿਕਰਮ ਸਿੰਘ ਮਜੀਠੀਆ, ਸ਼੍ਰੋਮਣੀ ਅਕਾਲੀ ਦਲ | 02 ਮਿੰਟ |

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ 2, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਵਿੱਤ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਪੂਰਬੀ ਪੰਜਾਬ ਮੰਤਰੀਆਂ ਦੀਆਂ ਤਨਖਾਹਾਂ (ਸੋਧਨਾ) ਬਿਲ, 2019 ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਸਰਦਾਰ ਮਨਪ੍ਰੀਤ ਸਿੰਘ ਬਾਦਲ, ਵਿੱਤ ਮੰਤਰੀ ਬਿਲ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਹੋਏ 02 ਮਿੰਟ ਲਈ ਬੋਲੇ।

4. **ਪੰਜਾਬ ਦੇ ਉੱਪ ਮੰਤਰੀਆਂ ਦੀਆਂ ਤਨਖਾਹਾਂ ਅਤੇ ਭੱਤੇ (ਸੋਧਨਾ) ਬਿਲ, 2019**

ਵਿੱਤ ਮੰਤਰੀ ਨੇ ਪੰਜਾਬ ਦੇ ਉੱਪ ਮੰਤਰੀਆਂ ਦੀਆਂ ਤਨਖਾਹਾਂ ਅਤੇ ਭੱਤੇ(ਸੋਧਨਾ) ਬਿਲ, 2019 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ 2, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਵਿੱਤ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਪੰਜਾਬ ਦੇ ਉੱਪ ਮੰਤਰੀਆਂ ਦੀਆਂ ਤਨਖਾਹਾਂ ਅਤੇ ਭੱਤੇ(ਸੋਧਨਾ) ਬਿਲ, 2019 ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

5. **ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਦੀ ਤਨਖਾਹ ਅਤੇ ਭੱਤੇ (ਸੋਧਨਾ) ਬਿਲ, 2019**

ਸੰਸਦੀ ਮਾਮਲੇ ਮੰਤਰੀ ਨੇ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਦੀ ਤਨਖਾਹ ਅਤੇ ਭੱਤੇ (ਸੋਧਨਾ) ਬਿਲ, 2019 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਸਰਦਾਰ ਬਿਕਰਮ ਸਿੰਘ ਮਜੀਠੀਆ, ਮੈਂਬਰ, ਸ਼੍ਰੋਮਣੀ ਅਕਾਲੀ ਦਲ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ 02 ਮਿੰਟ ਲਈ ਬੋਲੇ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ 2, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਸੰਸਦੀ ਮਾਮਲੇ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਦੀ ਤਨਖਾਹ ਅਤੇ ਭੱਤੇ (ਸੋਧਨਾ) ਬਿਲ, 2019 ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਇਸ ਉਪਰੰਤ ਸਦਨ ਅਣਮਿੱਥੇ ਸਮੇਂ ਲਈ ਸਥਗਿਤ ਹੋ ਗਿਆ।

ਚੰਡੀਗੜ੍ਹ :
06 ਅਗਸਤ, 2019

ਸ਼ਸ਼ੀ ਲਖਨਪਾਲ ਮਿਸ਼ਰਾ,
ਸਕੱਤਰ ।